

ਖੰਨਾ ਅਜੀਤ
ਅਜੀਤ, ਜਲੰਧਰ
ਮੰਗਲਵਾਰ, 4 ਜਨਵਰੀ 2022






## ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

**ਰੇਡੀਓ**

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 4 ਜਨਵਰੀ ਨੂੰ ਸ਼ਾਮ 4.30 ਤੋਂ 5.30 ਵਜੇ ਤੱਕ **ਭਾਈ ਰਵਿੰਦਰ ਸਿੰਘ** ਤੇ 5 ਜਨਵਰੀ ਨੂੰ ਸਵੇਰੇ 4:00 ਤੋਂ 6:00 ਵਜੇ ਤੱਕ **ਭਾਈ ਰਵਿੰਦਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।



**ਪੀ. ਟੀ. ਸੀ.**

ਪੀ.ਟੀ.ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 4 ਜਨਵਰੀ ਨੂੰ ਸ਼ਾਮ 4:30 ਤੋਂ 6:30 ਵਜੇ ਤੱਕ **ਭਾਈ ਰਵਿੰਦਰ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਨਰਿੰਦਰ ਸਿੰਘ** ਅਤੇ 5 ਜਨਵਰੀ ਨੂੰ ਸਵੇਰੇ 4:00 ਵਜੇ ਤੋਂ 7:45 ਵਜੇ ਤੱਕ **ਭਾਈ ਰਵਿੰਦਰ ਸਿੰਘ ਤੇ ਭਾਈ ਗੁਰਪ੍ਰੀਤ ਸਿੰਘ** ਕੀਰਤਨ ਕਰਨਗੇ।

**ਮੁੱਖ ਵਾਕ ਦੀ ਕਥਾ :** 4 ਜਨਵਰੀ ਨੂੰ ਗਿਆਨੀ ਸਤਨਾਮ ਸਿੰਘ ਖਡੂਰ ਸਾਹਿਬ ਤੇ 5 ਜਨਵਰੀ ਨੂੰ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਸ੍ਰੀ ਮੰਜੀ ਸਾਹਿਬ ਦੀਵਾਨ ਹਾਲ (ਸ੍ਰੀ ਹਰਿਮੰਦਰ ਸਾਹਿਬ) ਵਿਖੇ 7:45 ਵਜੇ ਤੋਂ 8:30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।



ਅਹਿਮਦਗੜ੍ਹ ਵਿਖੇ ਗੁਰਦੁਆਰਾ ਸਿੰਘ ਸਭਾ ਪ੍ਰਬੰਧਕ ਕਮੇਟੀ ਵਲੋਂ ਸਜਾਏ ਮਹਾਨ ਨਗਰ ਕੀਰਤਨ ਰਵਾਨਗੀ ਦੌਰਾਨ ਪੰਜ ਪਿਆਰੇ ਤੇ ਪ੍ਰਬੰਧਕ। ਤਸਵੀਰ : ਮਹੋਲੀ

# ਗੁਰਦੁਆਰਾ ਸਿੰਘ ਸਭਾ ਵਿਖੇ ਨਗਰ ਕੀਰਤਨ ਸਜਾਇਆ

ਅਹਿਮਦਗੜ੍ਹ, 3 ਜਨਵਰੀ (ਰਣਧੀਰ ਸਿੰਘ ਮਹੋਲੀ)- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਸਿੰਘ ਸਭਾ ਪ੍ਰਬੰਧਕ ਕਮੇਟੀ ਵਲੋਂ ਮਹਾਨ ਨਗਰ ਕੀਰਤਨ ਸਜਾਇਆ ਗਿਆ। ਗੁਰਦੁਆਰਾ ਸਿੰਘ ਸਭਾ ਤੋਂ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਰਵਾਨਾ ਹੋਏ ਨਗਰ ਕੀਰਤਨ ਦੌਰਾਨ ਬੈਂਡ ਪਾਰਟੀਆਂ, ਸਕੂਲੀ ਬੱਚਿਆਂ, ਕੀਰਤਨੀ ਜਥੇ ਅਤੇ ਵੱਡੀ ਗਿਣਤੀ ਵਿਚ ਸੰਗਤ ਨੇ ਭਾਗ ਲਿਆ। ਨਗਰ ਕੀਰਤਨ ਵਿਚ ਸਾਬਕਾ ਵਿਧਾਇਕ ਇਕਬਾਲ ਸਿੰਘ ਝੂੰਦਾਂ, ਨਗਰ ਕੌਂਸਲ ਪ੍ਰਧਾਨ ਵਿਕਾਸ ਟੰਡਨ, ਕੌਂਸਲਰ ਜਗਵੰਤ ਸਿੰਘ ਜੱਗੀ, ਸਾਬਕਾ ਕੌਂਸਲਰ ਦੀਪਕ ਸ਼ਰਮਾਂ, ਗੁਰਮੀਤ ਸਿੰਘ ਉੱਭੀ, ਅਵਤਾਰ ਸਿੰਘ ਜੱਸਲ ਆਦਿ ਵੱਖ ਵੱਖ ਆਗੂਆਂ ਨੇ ਹਾਜ਼ਰੀ ਲਗਵਾਈ। ਇਸ ਮੌਕੇ ਭਜਨ ਸਿੰਘ ਬਰਾੜ, ਕੁਲਵੰਤ ਸਿੰਘ ਸੋਹਲ, ਕੁਲਦੀਪ ਸਿੰਘ ਖਾਲਸਾ, ਤਿਰਲੋਚਨ ਸਿੰਘ ਚਾਪੜਾ, ਨਿਰਮਲ ਸਿੰਘ ਪੰਧੇਰ, ਬਲਜੀਤ ਸਿੰਘ, ਝਿਲਮਲ ਸਿੰਘ ਬੋਪਾਰਾਏ, ਕ੍ਰਿਸ਼ਨ ਸਿੰਘ ਰਾਜੜ੍ਹ, ਸਟੇਟ ਐਵਾਰਡੀ ਭੁਪਿੰਦਰ ਕੌਰ ਪੰਧੇਰ, ਪ੍ਰਿੰਸੀਪਲ ਕੋਮਲਪ੍ਰੀਤ ਕੌਰ ਮਾਵੀ, ਪ੍ਰਿੰਸੀਪਲ ਜਸਵਿੰਦਰ ਸਿੰਘ, ਕਮਲਜੀਤ ਸਿੰਘ ਉੱਭੀ, ਬਘੇਲ ਸਿੰਘ ਉੱਭੀ, ਜਗਦੇਵ ਸਿੰਘ ਘਲੋਟੀ, ਬੇਅੰਤ ਸਿੰਘ ਸਰਾਂਓ, ਸ਼ਿੰਦਰਪਾਲ ਸਿੰਘ ਪੰਧੇਰ, ਹਰਜੀਤ ਸਿੰਘ ਖੇੜਾ, ਗੁਰਜੀਤ ਸਿੰਘ ਆਦਿ ਸ਼ਾਮਿਲ ਹੋਏ।



ਪਿੰਡ ਰੰਗੂਵਾਲ ਵਿਖੇ ਵਿਧਾਇਕ ਇਯਾਲੀ ਮੰਦਰ ਕਮੇਟੀ ਨੂੰ ਮਾਇਕ ਸਹਾਇਤਾ ਭੇਟ ਕਰਦੇ ਹੋਏ ਨਗਰ ਨਿਵਾਸੀਆਂ ਨਾਲ। ਤਸਵੀਰ: ਪੁਰੀ

# ਵਿਧਾਇਕ ਇਯਾਲੀ ਵਲੋਂ ਰੰਗੂਵਾਲ ਮੰਦਰ ਕਮੇਟੀ ਨੂੰ 51 ਹਜ਼ਾਰ ਰੁ: ਭੇਟ

ਅਹਿਮਦਗੜ੍ਹ, 3 ਜਨਵਰੀ (ਰਵਿੰਦਰ ਪੁਰੀ)- ਵਿਧਾਇਕ ਮਨਪ੍ਰੀਤ ਸਿੰਘ ਇਯਾਲੀ ਵਲੋਂ ਰੰਗੂਵਾਲ ਫੇਰੀ ਦੌਰਾਨ ਕਲਰ ਬਾਣੀ ਮੰਦਿਰ ਦੀ ਕਮੇਟੀ ਦੇ ਪ੍ਰਧਾਨ ਸੁਖਦੇਵ ਸਿੰਘ ਅਤੇ ਸਮੂਹ ਮੈਂਬਰਾਂ ਨੂੰ 51 ਹਜ਼ਾਰ ਦੀ ਰਾਸ਼ੀ ਭੇਟ ਕੀਤੀ ਗਈ। ਇਸ ਮੌਕੇ 'ਤੇ ਸ. ਇਯਾਲੀ ਨੇ ਕਿਹਾ ਕਿ ਹਲਕਾ ਦਾਖਾ ਅੰਦਰ ਪੰਜਾਬ ਸਰਕਾਰ ਵਲੋਂ ਉਪਰੋਕਤ ਸੰਸਥਾਵਾਂ ਲਈ ਯੋਗ ਸਹਾਇਤਾ ਨਹੀਂ ਦਿੱਤੀ ਜਾ ਰਹੀ, ਜਿਸ ਕਾਰਨ ਹਲਕੇ ਦੀਆਂ ਅਜਿਹੀਆਂ ਸੰਸਥਾਵਾਂ ਸਾਡੇ ਨਾਲ ਸੰਪਰਕ ਕਰ ਰਹੀਆਂ। ਨਗਰ ਨਿਵਾਸੀਆਂ ਵਲੋਂ ਵਿਧਾਇਕ ਇਯਾਲੀ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਨੰਬਰਦਾਰ ਰਣਧੀਰ ਸਿੰਘ, ਜਗਤਾਰ ਸਿੰਘ ਲਤਾਲਾ, ਸੁਰਿੰਦਰ ਸਿੰਘ ਲਤਾਲਾ, ਦਲਵਿੰਦਰ ਸਿੰਘ ਰੰਗੂਵਾਲ, ਬਖਸ਼ੀਸ਼ ਸਿੰਘ, ਗੁਰਵਿੰਦਰ ਸਿੰਘ, ਉਪਦੇਸ਼ਇੰਦਰ ਸਿੰਘ, ਸੁਖਜਿੰਦਰ ਸਿੰਘ, ਜਗਤਾਰ ਸਿੰਘ, ਚਮਕੌਰ ਸਿੰਘ, ਅਮਰੀਕ ਸਿੰਘ, ਕੁਲਦੀਪ ਸਿੰਘ, ਹਰਪਾਲ ਸਿੰਘ, ਨੰਬਰਦਾਰ ਗੁਰਮੀਤ ਸਿੰਘ, ਮਨਜੀਤ ਸਿੰਘ, ਕਮਲਜੀਤ ਦਿਉਲ, ਜਸਬੀਰ ਦਿਉਲ, ਪਿੰਦਰ ਸੈਕਟਰੀ, ਜਸ਼ਨ ਖਗੂੰੜਾ, ਗੁਰਵਿੰਦਰ ਸਿੰਘ ਬਾਗ ਵਾਲੇ, ਬਲਜੀਤ ਸਿੰਘ, ਸਨੀ ਬਰਾੜ, ਹਰਪਾਲ ਸਿੰਘ ਪਾਲਾ, ਮਨਰਾਜ ਸਿੰਘ, ਪਿੰਨੂ ਦਿਉਲ, ਸੁਖਦੇਵ ਸਿੰਘ ਫੌਜੀ ਆਦਿ ਹਾਜ਼ਰ ਸਨ।

## ਜਗਜੀਤ ਸਿੰਘ ਜੇ.ਈ. (ਰਿਟਾ.) ਨਮਿਤ ਅੰਤਿਮ ਅਰਦਾਸ ਕੱਲ੍ਹ

ਦੋਰਾਹਾ, 3 ਜਨਵਰੀ (ਜਸਵੀਰ ਝੱਜ)- ਚਰਨਜੀਤ ਸਿੰਘ ਰਿਟਾ. ਬੀ. ਪੀ. ਈ. ਓ., ਜਗਤਾਰ ਸਿੰਘ (ਕਾਰਸੇਵਾ ਕਟਾਣਾ ਸਾਹਿਬ ਵਾਲੇ) ਤੇ ਹਰਪਾਲ ਸਿੰਘ ਦੇ ਭਰਾ ਤੇ ਸਰਦਾਰਨੀ



ਬਲਵਿੰਦਰ ਕੌਰ ਦੇ ਪਤੀ ਸਰਦਾਰ ਜਗਜੀਤ ਸਿੰਘ ਜੇ. ਈ. ਰਿਟਾ. (ਪੀ. ਐਸ. ਪੀ. ਸੀ. ਐੱਲ.), ਵਾਸੀ ਪਿੰਡ ਰਾਮਪੁਰ, 27 ਦਸੰਬਰ 2021 ਨੂੰ ਅਚਾਨਕ ਸਦੀਵੀ ਵਿਛੋੜਾ ਦੇ ਗਏ। ਗਗਨਦੀਪ ਸਿੰਘ ਤੇ ਅਨਮਦੀਪ ਸਿੰਘ ਦੇ ਅਨੁਸਾਰ ਉਨ੍ਹਾਂ ਦੇ ਪਿਤਾ ਜੀ ਸਰਦਾਰ ਜਗਜੀਤ ਸਿੰਘ ਜੇ. ਈ. ਰਿਟਾ. (ਪੀ. ਐਸ. ਪੀ. ਸੀ. ਐਲ.), ਨਮਿੱਤ ਅੰਤਿਮ ਅਰਦਾਸ, ਸ੍ਰੀ ਸਹਿਜ ਪਾਠ ਦੇ ਭੋਗ ਅਤੇ ਕੀਰਤਨ ਉਪਰੰਤ ਗੁਰਦੁਆਰਾ ਰੇਰੂ ਸਾਹਿਬ ਪਾਤਸ਼ਾਹੀ ਦਸਵੀਂ ਪਿੰਡ ਰਾਮਪੁਰ ਵਿਖੇ 5 ਜਨਵਰੀ 2022 (ਬੁੱਧਵਾਰ) ਨੂੰ ਬਾਅਦ ਦੁਪਹਿਰ ਬਾਰਾਂ ਤੋਂ ਦੋ ਵਜੇ ਤੱਕ ਹੋਵੇਗੀ।



ਸਮਰਾਲਾ ਦੇ ਵਿਧਾਇਕ ਅਮਰੀਕ ਸਿੰਘ ਢਿੱਲੋਂ ਤੇ ਕਰਨਵੀਰ ਸਿੰਘ ਢਿੱਲੋਂ ਹਲਕੇ ਦੀਆਂ ਔਰਤਾਂ ਨੂੰ ਸਿਲਾਈ ਮਸ਼ੀਨਾਂ ਵੰਡਦੇ ਹੋਏ। ਤਸਵੀਰ -ਗੋਪਾਲ ਸੋਫਤ/ਕੁਲਵਿੰਦਰ ਸਿੰਘ

# ਵਿਧਾਇਕ ਸਮਰਾਲਾ ਨੇ ਵਿਧਵਾ ਔਰਤਾਂ ਨੂੰ ਸਿਲਾਈ ਮਸ਼ੀਨਾਂ ਵੰਡੀਆਂ

ਸਮਰਾਲਾ, 3 ਜਨਵਰੀ (ਗੋਪਾਲ ਸੋਫਤ, ਕੁਲਵਿੰਦਰ ਸਿੰਘ)- ਸਥਾਨਕ ਵਿਧਾਇਕ ਅਮਰੀਕ ਸਿੰਘ ਢਿੱਲੋਂ ਦੀ ਅਗਵਾਈ ਹੇਠ ਨਗਰ ਕੌਂਸਲ ਦੇ ਪ੍ਰਧਾਨ ਕਰਨਵੀਰ ਸਿੰਘ ਢਿੱਲੋਂ ਵਲੋਂ ਅੱਜ ਹਲਕੇ ਦੀਆਂ ਲੋੜਵੰਦ ਔਰਤਾਂ ਨੂੰ ਸਿਲਾਈ ਮਸ਼ੀਨਾਂ ਵੰਡਣ ਲਈ ਇਕ ਸਮਾਗਮ ਕਰਵਾਇਆ ਗਿਆ। ਵਿਧਾਇਕ ਦੇ ਨਿਵਾਸ ਸਥਾਨ ਤੇ ਅੱਜ ਕਰਵਾਏ ਇਕ ਸੰਖੇਪ ਪਰ ਪ੍ਰਭਾਵਸ਼ਾਲੀ ਸਮਾਗਮ ਵਿੱਚ ਹਲਕੇ ਦੀਆਂ 334 ਵਿਧਵਾ ਔਰਤਾਂ ਨੂੰ ਸਿਲਾਈ ਮਸ਼ੀਨਾਂ ਵੰਡੀਆਂ ਗਈਆਂ। ਇਸ ਮੌਕੇ 'ਤੇ ਸੰਬੋਧਨ ਕਰਦਿਆਂ ਵਿਧਾਇਕ ਢਿੱਲੋਂ ਅਤੇ ਪ੍ਰਧਾਨ ਕਰਨਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਦੀ ਕਾਂਗਰਸ ਸਰਕਾਰ ਨੇ ਹਰ ਵਰਗ ਦੀ ਭਲਾਈ ਲਈ ਅਨੇਕਾਂ ਸ਼ੁਰੂ ਕੀਤੀਆਂ ਯੋਜਨਾਵਾਂ ਨੂੰ ਸਫਲਤਾ ਪੂਰਬਕ ਲਾਭਪਾਤਰੀਆਂ ਤੱਕ ਪਹੁੰਚਾਉਣ ਵਿਚ ਕੋਈ ਕਸਰ ਬਾਕੀ ਨਹੀਂ ਛੱਡੀ ਹੈ। ਇਸ ਦੌਰਾਨ ਵਿਧਾਇਕ ਵਲੋਂ ਲੋੜਵੰਦਾਂ ਪਰਿਵਾਰਾਂ ਨੂੰ ਸ਼ਾਲ ਵੀ ਵੰਡੇ ਗਏ। ਇਸ ਮੌਕੇ ਬਲਾਕ ਸੰਮਤੀ ਦੇ ਚੇਅਰਮੈਨ ਅਜਮੇਰ ਸਿੰਘ ਪੂਰਬਾ, ਚੇਅਰਮੈਨ ਇੰਪਰੂਵਮੈਂਟ ਟਰੱਸਟ ਸ਼ਕਤੀ ਆਨੰਦ, ਜਤਿੰਦਰ ਸਿੰਘ ਜੋਗਾ ਬਲਾਲਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਤੇ ਸਨੀ ਦੂਆ ਵਾਇਸ ਪ੍ਰਧਾਨ ਨਗਰ ਕੌਂਸਲ ਸਮਰਾਲਾ ਆਦਿ ਹਾਜ਼ਰ ਸਨ।




ਸਮਰਾਲਾ ਸਿਵਲ ਹਸਪਤਾਲ ਸਮਰਾਲਾ ਦੇ ਐਸ.ਐਮ.ਓ. ਡਾ. ਤਾਰਿਕਜੋਤ ਸਿੰਘ 15 ਤੋਂ 18 ਸਾਲ ਦੇ ਬੱਚਿਆਂ ਲਈ ਟੀਕਾਕਰਨ ਦੀ ਮੁਹਿੰਮ ਆਰੰਭ ਕਰਦੇ ਹੋਏ। ਤਸਵੀਰ : ਗੋਪਾਲ ਸੋਫਤ

# ਸਮਰਾਲਾ 'ਚ 15 ਤੋਂ 18 ਸਾਲ ਦੇ ਬੱਚਿਆਂ ਲਈ ਟੀਕਾਕਰਨ ਸ਼ੁਰੂ

ਸਮਰਾਲਾ, 3 ਜਨਵਰੀ (ਗੋਪਾਲ ਸੋਫਤ)- ਕੋਰੋਨਾ ਦੀ ਤੀਜੀ ਲਹਿਰ ਹੋਣ ਦੇ ਖ਼ਦਸ਼ੇ ਅਤੇ ਓਮੀਕਰੋਨ ਦੇ ਵਧਦੇ ਖ਼ਤਰੇ ਨੂੰ ਮੁੱਖ ਰੱਖਦਿਆਂ ਸਰਕਾਰ ਵਲੋਂ ਅੱਜ ਤੋਂ 15 ਸਾਲ ਤੋਂ 18 ਸਾਲ ਤੱਕ ਦੇ ਬੱਚਿਆਂ ਨੂੰ ਕੋਰੋਨਾ ਵੈਕਸੀਨ ਲਗਾਉਣ ਦੀ ਮੁਹਿੰਮ ਸ਼ੁਰੂ ਕੀਤੀ ਗਈ ਹੈ। ਪੰਜਾਬ ਵਿਚ ਵੀ 14 ਲੱਖ ਬੱਚਿਆਂ ਲਈ ਪ੍ਰਵਾਨਿਤ ਕੀਤੀ ਕੋਵੈਕਸੀਨ ਦਾ ਪਹਿਲਾ ਟੀਕਾ ਲਗਾਉਣ ਦੀ ਮੁਹਿੰਮ ਸਥਾਨਕ ਸਿਵਲ ਹਸਪਤਾਲ ਵਿੱਚ ਸ਼ੁਰੂ ਕੀਤੀ ਗਈ ਹੈ। ਸਥਾਨਕ ਸਿਵਲ ਹਸਪਤਾਲ ਵਿਖੇ ਬੱਚਿਆਂ ਨੂੰ ਵੈਕਸੀਨ ਲਗਾਉਣ ਦੀ ਸ਼ੁਰੂਆਤ ਐਸ.ਐਮ.ਓ. ਡਾ. ਤਾਰਿਕਜੋਤ ਸਿੰਘ ਦੀ ਅਗਵਾਈ ਵਿਚ ਕੀਤੀ ਗਈ। ਡਾ. ਤਾਰਿਕਜੋਤ ਸਿੰਘ ਨੇ ਦੱਸਿਆ ਕਿ ਅੱਜ ਪਹਿਲੇ ਦਿਨ ਹੀ ਇਸ ਵਰਗ ਦੇ 6 ਬੱਚਿਆਂ ਨੂੰ ਟੀਕੇ ਲਗਵਾਏ ਗਏ ਹਨ। ਉਨ੍ਹਾਂ ਦੱਸਿਆ ਕਿ ਜਿਹੜੇ ਬੱਚਿਆਂ ਦੇ ਅੱਜ ਪਹਿਲੀ ਡੋਜ਼ ਲਗਾਈ ਜਾ ਰਹੀ ਹੈ, ਇਨ੍ਹਾਂ ਨੂੰ 28 ਦਿਨਾਂ ਬਾਅਦ ਅਗਲੀ ਡੋਜ਼ ਲਗਾਈ ਜਾਵੇਗੀ।



ਹਲਕਾ ਸਾਹਨੇਵਾਲ ਦੇ ਪਿੰਡ ਉੱਚੀ ਮੰਗਲੀ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਰਾਜਾ ਸਿੰਘ ਗਿੱਲ। ਤਸਵੀਰ ਅਮਰਜੀਤ ਸਿੰਘ ਮੰਗਲੀ

# ਮਹਿਲਾਵਾਂ ਤੇ ਲੜਕੀਆਂ ਲਈ ਕੀਤੇ ਵਾਅਦਿਆਂ ਨਾਲ ਬੌਖਲਾਏ ਵਿਰੋਧੀ-ਰਾਜਾ ਗਿੱਲ

ਸਾਹਨੇਵਾਲ, 3 ਜਨਵਰੀ (ਅਮਰਜੀਤ ਮੰਗਲੀ)- ਪਿਛਲੇ ਕੁੱਝ ਸਮੇਂ 'ਚ ਜਿਸ ਤਰ੍ਹਾਂ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਅਗਵਾਈ 'ਚ ਸਰਕਾਰ ਨੇ ਲੋਕਾਂ ਦੇ ਹੱਕਾਂ ਲਈ ਫ਼ੈਸਲੇ ਲਏ ਹਨ, ਉਸ ਨਾਲ ਸਿਰਫ ਕਾਂਗਰਸ ਪਾਰਟੀ ਹੀ ਮਜ਼ਬੂਤ ਨਹੀਂ ਹੋਈ ਹੈ, ਬਲਕਿ ਆਮ ਲੋਕਾਂ ਅੰਦਰ ਵੀ ਕਾਂਗਰਸ ਪ੍ਰਤੀ ਨਵਾਂ ਵਿਸ਼ਵਾਸ ਪੈਦਾ ਹੋਇਆ ਹੈ। ਇਹ ਪ੍ਰਗਟਾਵਾ ਵਿਧਾਨ ਸਭਾ ਹਲਕਾ ਸਾਹਨੇਵਾਲ ਤੋਂ ਕਾਂਗਰਸ ਪਾਰਟੀ ਦੀ ਟਿਕਟ ਦੇ ਦਾਅਵੇਦਾਰ ਅਤੇ ਕਾਂਗਰਸ ਦੇ ਜ਼ਿਲ੍ਹਾ ਖੰਨਾ ਦੇ ਪ੍ਰਧਾਨ ਰੁਪਿੰਦਰ ਸਿੰਘ ਰਾਜਾ ਗਿੱਲ ਨੇ ਪਿੰਡ ਮੰਗਲੀ ਉੱਚੀ ਵਿਖੇ ਕਾਂਗਰਸੀ ਵਰਕਰਾਂ ਦੀ ਇਕ ਅਹਿਮ ਇਕੱਤਰਤਾ ਦੌਰਾਨ ਕਰਦਿਆਂ ਕਿਹਾ ਕਿ ਮੁੜ ਸਰਕਾਰ ਬਣਨ 'ਤੇ ਪੰਜਾਬ ਦੀਆਂ ਘਰੇਲੂ ਔਰਤਾਂ ਲਈ 2000 ਪ੍ਰਤੀ ਮਹੀਨਾ ਆਰਥਿਕ ਮਦਦ ਅਤੇ ਲੜਕੀਆਂ ਨੂੰ ਪੰਜਵੀਂ ਪਾਸ ਕਰਨ 'ਤੇ 5000 ਅਤੇ ਬਾਰ੍ਹਵੀਂ ਪਾਸ ਕਰਨ 'ਤੇ 20000 ਦੀ ਇਨਾਮੀ ਰਾਸ਼ੀ ਦੇਣ ਦੇ ਦਾਅਵਾ ਨਾਲ ਇਹ ਸਪਸ਼ਟ ਹੈ ਕਿ ਮਹਿਲਾਵਾਂ ਅਤੇ ਲੜਕੀਆਂ ਲਈ ਕੀਤੇ ਗਏ ਵਾਅਦਿਆਂ ਨਾਲ ਵਿਰੋਧੀ ਪੂਰੀ ਤਰ੍ਹਾਂ ਬੌਖਲਾ ਗਏ ਹਨ। ਮੀਟਿੰਗ 'ਚ ਜਸਬੀਰ ਸਿੰਘ, ਸਿਕੰਦਰ ਸਿੰਘ, ਅਮਰਜੀਤ ਸਿੰਘ, ਬਲਵਿੰਦਰ ਸਿੰਘ ਚਹਿਲ, ਅਵਤਾਰ ਸਿੰਘ, ਗੁਰਪ੍ਰੀਤ ਸਿੰਘ, ਸੋਮਨਾਥ ਅਤੇ ਹੋਰ ਹਾਜ਼ਰ ਸਨ।

# ਕਾਂਗਰਸ ਦੀ 'ਕਹਿਣੀ ਤੇ ਕਰਨੀ' ਨੂੰ ਲੋਕ ਚੰਗੀ ਤਰ੍ਹਾਂ ਜਾਣ ਚੁੱਕੇ-ਇੰਜੀ. ਬੋਪਾਰਾਏ

ਪਾਇਲ, 3 ਜਨਵਰੀ (ਨਿਜ਼ਾਮਪੁਰ, ਰਜਿੰਦਰ ਸਿੰਘ)- ਕਾਂਗਰਸ ਦੀ ਕਹਿਣੀ ਅਤੇ ਕਰਨੀ ਨੂੰ ਸੂਬੇ ਦੇ ਲੋਕ ਚੰਗੀ ਤਰ੍ਹਾਂ ਜਾਣ ਚੁੱਕੇ ਹਨ ਕਿਉਂਕਿ ਪਹਿਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਕਾਂਗਰਸ ਪਾਰਟੀ ਵੱਲੋ ਜੋ ਵਾਅਦੇ ਕੀਤੇ ਗਏ ਸਨ, ਉਨ੍ਹਾਂ 'ਚੋਂ ਕਿਸੇ ਇਕ ਨੂੰ ਪੂਰਾ ਨਹੀਂ ਕੀਤਾ ਗਿਆ। ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਇੰਜੀਨੀਅਰ ਜਗਦੇਵ ਸਿੰਘ ਬੋਪਾਰਾਏ ਨੇ ਪਾਇਲ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਚੰਨੀ ਵਲੋ ਮੁਲਾਜ਼ਮਾਂ ਨੂੰ ਪੱਕੇ ਕਰਨ ਅਤੇ ਕਿਸਾਨਾਂ ਨੂੰ ਕਰਜ਼ਾ ਮਾਫ਼ ਕਰਨ ਦਾ ਜੋ ਵਾਅਦਾ ਕੀਤਾ ਗਿਆ ਸੀ, ਉਸ ਨੂੰ ਵੀ ਪੂਰਾ ਨਹੀਂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਪਾਇਲ ਤੋਂ ਸ਼੍ਰੋਮਣੀ ਅਕਾਲੀ ਦਲ ਅਤੇ ਬਸਪਾ ਦੇ ਸਾਂਝੇ ਉਮੀਦਵਾਰ ਜਸਪਰੀਤ ਸਿੰਘ ਪਾਇਲ ਤੋਂ ਜਿੱਤ ਪ੍ਰਾਪਤ ਕਰਨਗੇ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਰਘਵੀਰ ਸਿੰਘ ਸਹਾਰਨਮਾਜਰਾ, ਮਨਜੀਤ ਸਿੰਘ ਮਦਨੀਪੁਰ, ਮੋਹਣ ਸਿੰਘ ਪਾਇਲ, ਹਰੀ ਰਾਮ ਪਾਇਲ, ਬਾਵਾ ਪਾਇਲ, ਦਲਜੀਤ ਸਿੰਘ ਜੀਤੀ ਘੁਡਾਣੀ, ਮਨਪਰੀਤ ਸਿੰਘ ਬਿੱਲਾ ਘੁਡਾਣੀ, ਵਿਜੈ ਕੁਮਾਰ ਨੇਤਾ ਪਾਇਲ ਸਮੇਤ ਇਲਾਕੇ ਦੇ ਸਰਗਰਮ ਆਗੂ ਹਾਜ਼ਰ ਸਨ।



ਇੰਜੀ. ਜਗਦੇਵ ਸਿੰਘ ਬੋਪਾਰਾਏ, ਜ਼ਿਲ੍ਹਾ ਪ੍ਰਧਾਨ ਰਘਵੀਰ ਸਿੰਘ ਸਹਾਰਨਮਾਜਰਾ, ਮਨਜੀਤ ਸਿੰਘ ਮਦਨੀਪੁਰ ਅਕਾਲੀ ਆਗੂ ਗੱਲਬਾਤ ਕਰਦੇ ਹੋਏ। ਤਸਵੀਰ -ਰਜਿੰਦਰ ਸਿੰਘ



ਗੁਲਜ਼ਾਰ ਗਰੁੱਪ ਆਫ਼ ਇੰਸਟੀਚਿਊਟਸ ਖੰਨਾ ਵਿਖੇ ਹੋਸਟਲ ਨਾਈਟ ਪ੍ਰੋਗਰਾਮ ਮੌਕੇ ਪੇਸ਼ਕਾਰੀ ਕਰਦੇ ਹੋਏ ਵਿਦਿਆਰਥੀ। ਅਜੀਤ ਤਸਵੀਰ


# ਗੁਲਜ਼ਾਰ ਗਰੁੱਪ 'ਚ ਵਿਦਿਆਰਥੀਆਂ ਵਲੋਂ ਵੱਖ-ਵੱਖ ਸੂਬਿਆਂ ਦੇ ਲੋਕ ਨਾਚਾਂ ਦਾ ਪ੍ਰਦਰਸ਼ਨ

ਖੰਨਾ, 3 ਜਨਵਰੀ (ਹਰਜਿੰਦਰ ਸਿੰਘ ਲਾਲ)- ਗੁਲਜ਼ਾਰ ਗਰੁੱਪ ਆਫ਼ ਇੰਸਟੀਚਿਊਟਸ ਖੰਨਾ ਵਲੋਂ ਦੇਸ਼ ਵੱਖ ਵੱਖ ਹਿੱਸਿਆਂ ਤੋਂ ਸਿੱਖਿਆ ਹਾਸਲ ਕਰਨ ਆਏ ਹੋਸਟਲ ਦੇ ਵਿਦਿਆਰਥੀਆਂ ਲਈ ਹੋਸਟਲ ਨਾਈਟ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਵਲੋਂ ਸ਼ਬਦ ਗਾਇਣ ਕਰਕੇ ਕੀਤੀ ਗਈ। ਇਸ ਤੋਂ ਬਾਅਦ ਕ੍ਰਮਵਾਰ ਵਿਦਿਆਰਥੀਆਂ ਵਲੋਂ ਆਪਣੇ ਆਪਣੇ ਪ੍ਰਦੇਸ਼ਾਂ ਦੇ ਨ੍ਰਿਤ ਪੇਸ਼ ਕਰਕੇ ਪ੍ਰੋਗਰਾਮ ਦੀ ਖ਼ੂਬਸੂਰਤੀ ਨੂੰ ਚਾਰ ਚੰਨ ਲਗਾ ਦਿੱਤੇ। ਇਸ ਦੇ ਨਾਲ ਹੀ ਵਿਦਿਆਰਥੀਆਂ ਨੇ ਕਈ ਹਾਸਰਸ ਸਕਿੱਟਾਂ ਨਾਲ ਦਰਸ਼ਕਾਂ ਦੇ ਢਿੱਡੀ ਪੀੜਾਂ ਪਾ ਦਿੱਤੀਆਂ, ਜਦਕਿ ਵਿਦਿਆਰਥੀਆਂ ਵਲੋਂ ਫ਼ੈਸ਼ਨ ਸ਼ੋ ਅਤੇ ਰਾਂਕ ਬੈਂਡ ਦੀ ਪੇਸ਼ਕਸ਼ ਆਪਣੀ ਅਲੱਗ ਛਾਪ ਛੱਡਦੀ ਨਜ਼ਰ ਆਈ। ਪੰਜਾਬ ਦੀ ਸ਼ਾਨ ਗਿੱਧਾ ਤੇ ਭੰਗੜੇ ਦੇ ਤਾਲ 'ਤੇ ਵਿਦਿਆਰਥੀ ਸੀਟਾਂ 'ਤੇ ਉੱਠ ਕੇ ਤਾੜੀਆਂ ਅਤੇ ਸੀਟੀਆਂ ਮਾਰਦੇ ਨਜ਼ਰ ਆਏ। ਇਸ ਦੇ ਨਾਲ ਹੀ ਫ਼ੈਸ਼ਨ ਸ਼ੋ ਅਤੇ ਮਿਸਟਰ ਮਿਸ ਹੋਸਟਲ ਵੀ ਵਿਦਿਆਰਥੀਆਂ ਦੀ ਖਿੱਚ ਦਾ ਕੇਂਦਰ ਰਹੇ। ਡਾਇਰੈਕਟਰ ਐਗਜ਼ੈਕਟਿਵ ਗੁਰਕੀਰਤ ਸਿੰਘ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਦਰਸ਼ਕਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਬੇਸ਼ੱਕ ਸਿੱਖਿਆਂ ਵਿਦਿਆਰਥੀਆਂ ਨੂੰ ਸਫਲਤਾ ਦੀ ਉਚਾਈ ਤੇ ਲੈ ਕੇ ਜਾਂਦੀ ਹੈ ਪਰ ਅਸਲ ਕਾਮਯਾਬੀ ਉਹੀ ਹਾਸਲ ਕਰਦੇ ਹਨ, ਜੋ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਅਸੂਲਾਂ 'ਤੇ ਚਲਦੇ ਹਨ।

ਅਜੀਤ ਵੈੱਬ ਟੀ ਵੀ
ਅੱਜ ਦੇ ਵਿਸ਼ੇਸ਼ ਪ੍ਰੋਗਰਾਮ
ਲੋਕਾਂ ਦੀ ਕਚਹਿਰੀ-ਵਿਧਾਨ ਸਭਾ ਚੋਣਾਂ 2022
ਵੇਖੋ ਤਰਨ ਤਾਰਨ ਦੇ ਲੋਕਾਂ ਦਾ ਮੂਡ



ਵੇਖਣ ਲਈ ਕਲਿੱਕ ਕਰੋ : www.ajittv.com, youtube.com/ajitwebtv, facebook.com/dailyajit





ਪਿੰਡ ਦੈਹਿੜੂ ਦੇ ਖੇਡ ਮੇਲੇ 'ਤੇ ਆਪਣੀ ਗਾਇਕੀ ਨਾਲ ਰੰਗ ਬੰਨ੍ਹੇ ਹੋਏ ਗਾਇਕ ਬੱਬੂ ਮਾਨ ਅਤੇ ਜੇਤੂ ਟੀਮ ਨੂੰ ਸਨਮਾਨਿਤ ਕਰਦੇ ਗੁਰਵਿੰਦਰ ਸਿੰਘ ਪਿੰਦਾ, ਹਰਪ੍ਰੀਤ ਸਿੰਘ ਭੋਲਾ, ਦਿਲਪ੍ਰੀਤ ਸਿੰਘ ਮੋਨੂੰ ਤੇ ਹੋਰ। ਤਸਵੀਰਾਂ : ਜੰਟੀ ਮਾਨ

# ਪਿੰਡ ਦੈਹਿੜੂ ਦਾ ਖੇਡ ਮੇਲਾ ਮਿੱਠੀਆਂ ਯਾਦਾਂ ਨਾਲ ਸਮਾਪਤ

## ਆਖ਼ਰੀ ਦਿਨ ਬੱਬੂ ਮਾਨ ਨੇ ਆਪਣੀ ਗਾਇਕੀ ਦੇ ਖ਼ੂਬ ਰੰਗ ਬੰਨ੍ਹਿਆ

ਬੀਜਾ, 3 ਜਨਵਰੀ (ਅਵਤਾਰ ਸਿੰਘ ਜੰਟੀ ਮਾਨ)- ਪਿੰਡ ਦੈਹਿੜੂ ਵਿਖੇ ਕਿਸਾਨੀ ਸੰਘਰਸ਼ ਨੂੰ ਸਮਰਪਿਤ ਸਰਪੰਚ ਰੁਪਿੰਦਰ ਸਿੰਘ ਗਾਂਧੀ ਯਾਦਗਾਰੀ ਫੁੱਟਬਾਲ ਮੈਮੋਰੀਅਲ ਕੱਪ ਯੁਵਕ ਸੇਵਾਵਾਂ ਕਲੱਬ, ਪੰਚਾਇਤੀ ਰਾਜ ਸਪੋਰਟਸ ਕਲੱਬ, ਸਮੂਹ ਨਗਰ ਨਿਵਾਸੀਆਂ ਅਤੇ ਐਨ. ਆਰ. ਆਈ. ਵੀਰਾਂ ਦੇ ਵਿਸ਼ੇਸ਼ ਸਹਿਯੋਗ ਸਦਕਾ ਚਾਰ ਰੋਜ਼ਾ ਫੁੱਟਬਾਲ ਤੇ ਕਬੱਡੀ ਕੱਪ ਖੇਡ ਮੇਲਾ ਕਰਵਾਇਆ ਗਿਆ। ਇਸ ਖੇਡ ਮੇਲੇ ਦੇ ਸਰਪ੍ਰਸਤ ਗੁਰਵਿੰਦਰ ਸਿੰਘ ਪਿੰਦਾ ਯੂ.ਐਸ.ਏ., ਪ੍ਰਧਾਨ ਹਰਪ੍ਰੀਤ ਸਿੰਘ ਭੋਲਾ, ਯੂਥ ਆਗੂ ਦਿਲਪ੍ਰੀਤ ਸਿੰਘ ਮੋਨੂੰ ਨੇ ਦੱਸਿਆ ਕਿ ਇਸ ਟੂਰਨਾਮੈਂਟ ਨੂੰ ਸਫਲਤਾ ਬਣਾਉਣ ਲਈ ਸਮੂਹ ਨਗਰ ਨਿਵਾਸੀ ਸਮੂਹ ਐਨ.ਆਰ.ਆਈ. ਵੀਰਾਂ ਦੇ ਵਿਸ਼ੇਸ਼ ਸਹਿਯੋਗ ਦੇਣ 'ਤੇ ਧੰਨਵਾਦ ਕੀਤਾ। ਇਸ ਖੇਡ ਮੇਲੇ ਵਿਚ ਪਹਿਲਾ ਸਥਾਨ ਹਾਸਲ ਕਰਨ ਵਾਲੀ ਫੁੱਟਬਾਲ ਟੀਮ ਨੂੰ 2100 ਤੇ 1100 ਡਾਲਰ ਸੁਖਪ੍ਰੀਤ ਸਿੰਘ ਸੁੱਖਾ ਯੂ.ਐਸ.ਏ., ਕਰਨਦੀਪ ਸਿੰਘ ਤਨੀ ਯੂ. ਐੱਸ. ਏ. ਪਰਿਵਾਰ ਵਲੋਂ ਇਨਾਮ ਦਿੱਤਾ ਗਿਆ। ਸਥਾਨ ਹਾਸਲ ਕਰਨ ਵਾਲੀ ਕਬੱਡੀ ਦੀ ਟੀਮ ਨੂੰ ਪਹਿਲਾ ਇਨਾਮ ਐਨ.ਆਰ.ਆਈ., ਵੀਰਾਂ ਵਲੋਂ ਦਿੱਤਾ ਗਿਆ। ਇਸ ਖੇਡ ਮੇਲੇ ਵਿਚ ਬਾਪੂ ਤੋਲੋਂ ਸਿੰਘ ਰਾਉ ਤੇ ਬੀਬੀ ਸੋਖੀ ਕੌਰ ਰਾਉ ਦੀ ਯਾਦ ਵਿਚ ਹਰ ਮੈਚ ਵਿਚ ਮੈਨ ਆਫ਼ ਦੇ ਖਿਡਾਰੀ ਨੂੰ ਸਟੱਡ ਅਤੇ ਪਿੰਡ ਦੈਹਿੜੂ ਦੀ ਸੀਨੀਅਰ ਤੇ ਜੂਨੀਅਰ ਟੀਮ ਨੂੰ ਜਰਸੀਆਂ ਦੀ ਦਿੱਤੀਆਂ ਗਈਆਂ। ਟੂਰਨਾਮੈਂਟ ਦੇ ਆਖ਼ਰੀ ਦਿਨ ਪੰਜਾਬ ਦੇ ਉੱਘੇ ਗਾਇਕ ਬੱਬੂ ਮਾਨ ਨੇ ਗਾਇਕੀ ਦੇ ਖ਼ੂਬ ਰੰਗ ਬੰਨ੍ਹਿਆ। ਪੰਜਾਬੀ ਗਾਇਕ ਬੱਬੂ ਮਾਨ ਦਾ ਗੁਰਵਿੰਦਰ ਸਿੰਘ ਪਿੰਦਾ ਯੂ. ਐੱਸ. ਏ. ਦੀ ਅਗਵਾਈ ਹੇਠ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਦਿਲਪ੍ਰੀਤ ਸਿੰਘ ਮੰਨੂ, ਗੁਰਪ੍ਰੀਤ ਸਿੰਘ ਘੋਗਾ, ਹਰਪ੍ਰੀਤ ਸਿੰਘ ਭੋਲਾ, ਹਰਮਨਦੀਪ ਸਿੰਘ ਮਿੱਠੂ, ਦਵਿੰਦਰ ਸਿੰਘ ਆਦਿ ਮੌਜੂਦ ਸਨ।

## ਭਿੱਤੀ ਰੋੜੀਆਂ ਵਾਲਾ ਨੂੰ ਸ਼ਰਧਾਂਜਲੀਆਂ

ਮਲੌਦ, 3 ਜਨਵਰੀ (ਸਹਾਰਨ ਮਾਜਰਾ)- ਗੀਤਕਾਰੀ ਦੇ ਖੇਤਰ 'ਚ ਬੁਲੰਦੀਆਂ ਛੂਹਣ ਵਾਲੇ ਅਤੇ 'ਕਚਹਿਰੀਆਂ 'ਚ ਮੇਲੇ ਲਗਦੇ ਜਦੋਂ ਪੈਂਦੀ



ਆ ਤਰੀਖ ਕਿਸੇ ਜੱਟ ਦੀ' ਰਾਹੀਂ ਅੰਤਰਰਾਸ਼ਟਰੀ ਪ੍ਰਸਿੱਧੀ ਖੱਟ ਚੁੱਕੇ ਸੈਂਕੜੇ ਗੀਤਾਂ ਦੇ ਰਚੇਤਾ ਜਸਵਿੰਦਰ ਸਿੰਘ ਉਰਫ਼ ਭਿੱਤੀ ਰੋੜੀਆਂ ਵਾਲਾ ਦਸੰਬਰ ਮਹੀਨੇ ਸਾਲ 2007 'ਚ ਸਭਿਆਚਾਰਕ ਸੱਥਾਂ 'ਚੋਂ ਸਦਾ ਲਈ ਵਿੱਛੜ ਗਿਆ। ਉਹ ਰੋੜੀਆਂ ਪਰਿਵਾਰ ਅਤੇ ਵਿਰਸਾ ਪੰਜਾਬ ਦਾ ਸਭਿਆਚਾਰਕ ਕਲੱਬ ਮਲੌਦ ਨੂੰ ਸਦੀਵੀ ਵਿਛੋੜਾ ਦੇ ਗਏ ਸਨ। ਰੋੜੀਆਂ ਪਰਿਵਾਰ ਤੋਂ ਇਲਾਵਾ ਉਨ੍ਹਾਂ ਦੇ ਭਰਾਵਾਂ ਵਰਗੇ ਨਿੱਘੇ ਦੋਸਤ ਮਾਲਵਾ ਸੋਸ਼ਲ ਕਲੱਬ ਮਲੌਦ ਦੇ ਪ੍ਰਧਾਨ ਇੰਜ. ਹਰਮਿੰਦਰ ਪਾਲ ਸਿੰਘ ਸਹਾਰਨ ਮਾਜਰਾ, ਸੁਖਵਿੰਦਰ ਸਿੰਘ ਦੋਲਤਪੁਰ, ਉੱਘੇ ਗਾਇਕ ਬੌਬੀ ਪੰਧੇਰ, ਪ੍ਰਿੰ. ਸੰਜੀਵ ਮੋਦਗਿਲ, ਡਾ. ਕਰਨੈਲ ਸਿੰਘ ਕਾਲੀਆ, ਬਹਾਬਜੀਤ ਗਿੱਲ, ਡਾ: ਇਕਬਾਲ ਮੁਹੰਮਦ, ਜਥੇ: ਮੰਗਤ ਰਾਏ ਸਿੰਘ ਲਸਾੜਾ, ਇੰਜ. ਦਵਿੰਦਰ ਸਿੰਘ ਬੇਰ ਖੁਰਦ, ਡਾ. ਬਲਜਿੰਦਰ ਪਾਲ ਸਿੰਘ, ਅਵਤਾਰ ਸਿਆੜ੍ਹ, ਬਲਵੰਤ ਰਾਮ ਪੱਪੂ, ਜਤਿੰਦਰ ਪਾਲ ਸ਼ਰਮਾ ਆਦਿ ਸਮੂਹ ਮੈਂਬਰਾਂ ਨੇ 15ਵੀਂ ਬਰਸੀ 'ਤੇ ਆਪਣੇ ਰੰਗਲੇ ਸਾਥੀ ਨੂੰ ਸ਼ਰਧਾਂਜਲੀ ਭੇਟ ਕੀਤੀਆਂ।



ਬੀਜਾ ਵਿਖੇ ਪੰਚਾਇਤ ਘਰ ਤੇ ਖੇਡ ਮੈਦਾਨ ਦਾ ਉਦਘਾਟਨ ਕਰਦੇ ਕੈਬਨਿਟ ਮੰਤਰੀ ਗੁਰਕੀਰਤ ਸਿੰਘ ਕੋਟਲੀ, ਚੇਅਰਮੈਨ ਸਤਨਾਮ ਸਿੰਘ ਸੋਨੀ ਰੋਹਣੋਂ, ਸਰਪੰਚ ਸੁਖਰਾਜ ਸਿੰਘ ਸ਼ੇਰਗਿੱਲ ਤੇ ਹੋਰ। ਤਸਵੀਰ : ਜੰਟੀ ਮਾਨ

# ਕੋਟਲੀ ਵਲੋਂ ਬੀਜਾ ਦੇ ਖੇਡ ਮੈਦਾਨ ਤੇ ਪੰਚਾਇਤ ਘਰ ਦਾ ਉਦਘਾਟਨ

ਬੀਜਾ, 3 ਜਨਵਰੀ (ਅਵਤਾਰ ਸਿੰਘ ਜੰਟੀ ਮਾਨ)- ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਹੇਠ ਕੈਬਨਿਟ ਮੰਤਰੀ ਤੇ ਵਿਧਾਇਕ ਗੁਰਕੀਰਤ ਸਿੰਘ ਕੋਟਲੀ ਵਲੋਂ ਪਿੰਡ ਬੀਜਾ ਵਿਖੇ ਪੰਚਾਇਤ ਘਰ ਅਤੇ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ ਬੀਜਾ ਦੇ ਖੇਡ ਮੈਦਾਨ ਦਾ ਫ਼ਰਸ਼ ਅਤੇ ਬੈਡਮਿੰਟਨ ਗਰਾਊਂਡ ਦਾ ਉਦਘਾਟਨ ਕੀਤਾ। ਇਸ ਸਮੇਂ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਚਾਇਤਾਂ ਨੂੰ ਹਾਲੇ ਤਿੰਨ ਸਾਲ ਹੀ ਹੋਏ ਹਨ ਤੇ ਕਈ ਪੰਚਾਇਤਾਂ ਨੇ ਆਪਣੇ ਪਿੰਡਾਂ ਦੇ ਸਾਰੇ ਵਿਕਾਸ ਕਾਰਜ ਨੇਪਰੇ ਚਾੜ੍ਹ ਦਿੱਤੇ ਹਨ ਤੇ ਬਾਕੀਆਂ ਪੰਚਾਇਤਾਂ ਵਿਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ ਹਨ। ਲੋਕਾਂ 'ਚ ਇਹ ਵੀ ਚਰਚਾ ਹੈ ਕਿ ਕੈਬਨਿਟ ਮੰਤਰੀ ਗੁਰਕੀਰਤ ਸਿੰਘ ਕੋਟਲੀ ਬੀਜਾ ਦੇ ਅਧੂਰੇ ਖੇਡ ਮੈਦਾਨ ਦਾ ਉਦਘਾਟਨ ਕਰਕੇ ਹੀ ਚਲੇ ਗਏ। ਬਲਾਕ ਸੰਮਤੀ ਚੇਅਰਮੈਨ ਸਤਨਾਮ ਸਿੰਘ ਸੋਨੀ ਰੋਹਣੋਂ, ਹਰਿੰਦਰ ਸਿੰਘ ਕਨੇਚ, ਲਖਬੀਰ ਸਿੰਘ ਰੋਣੀ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ, ਸਰਪੰਚ ਸੁਖਰਾਜ ਸਿੰਘ ਸ਼ੇਰਗਿੱਲ ਬੀਜਾ, ਸਰਪੰਚ ਹਰਪਾਲ ਸਿੰਘ ਘੰਗਰਾਲੀ ਰਾਜਪੂਤਾਂ, ਸਾਬਕਾ ਸਰਪੰਚ ਅਵਤਾਰ ਸਿੰਘ, ਪੰਚ ਬਲਬੀਰ ਸਿੰਘ, ਪੰਚ ਕਰਨੈਲ ਸਿੰਘ, ਹਰਪ੍ਰੀਤ ਸਿੰਘ ਆਦਿ ਹਾਜ਼ਰ ਸਨ।



ਬੀਜਾ ਵਿਖੇ ਭਾਕਿਯੂ ਏਕਤਾ ਉਗਰਾਹਾਂ ਦੀ ਇਕਾਈ ਦੇ ਆਗੂ ਮੋਦੀ ਸਰਕਾਰ ਦਾ ਪੁਤਲਾ ਫੂਕਦੇ ਹੋਏ। ਤਸਵੀਰ : ਜੰਟੀ ਮਾਨ

# ਇਕਾਈ ਬੀਜਾ ਵਲੋਂ ਮੋਦੀ ਦੀ ਅਰਥੀ ਫੂਕ ਨਾਅਰੇਬਾਜ਼ੀ

ਬੀਜਾ, 3 ਜਨਵਰੀ (ਅਵਤਾਰ ਸਿੰਘ ਜੰਟੀ ਮਾਨ)- ਭਾਕਿਯੂ ਏਕਤਾ ਉਗਰਾਹਾਂ ਦੀ ਇਕਾਈ ਪਿੰਡ ਬੀਜਾ ਵਲੋਂ ਮੋਦੀ ਸਰਕਾਰ ਦੀ ਅਰਥੀ ਫੂਕ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਕਿਸਾਨ ਯੂਨੀਅਨ ਦੇ ਆਗੂ ਸਰਪੰਚ ਸੁਖਰਾਜ ਸਿੰਘ ਸ਼ੇਰਗਿੱਲ ਬੀਜਾ, ਸਨਦੀਪ ਸਿੰਘ, ਨਿਰਮਲ ਸਿੰਘ, ਜਸਵੀਰ ਸਿੰਘ, ਕਮਲਜੀਤ ਸਿੰਘ ਆਦਿ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਸਾਨਾਂ ਨਾਲ ਜੋ ਵਾਅਦੇ ਕੀਤੇ ਸਨ, ਉਹ ਅਜੇ ਤੱਕ ਪੂਰੇ ਨਹੀਂ ਕੀਤੇ ਗਏ। ਪੰਜਾਬ ਦੇ ਕਰਜਾ ਗ੍ਰਸਤ ਕਿਸਾਨਾਂ ਮਜ਼ਦੂਰਾਂ ਦੀ ਮੁਕੰਮਲ ਕਰਜ਼ਾ ਮੁਕਤੀ, ਹਰ ਘਰ ਰੁਜ਼ਗਾਰ ਅਤੇ ਮਾਰੂ ਨਸ਼ਿਆਂ ਦੇ ਖ਼ਾਤਮੇ ਵਰਗੇ ਅਹਿਮ ਚੋਣ ਵਾਅਦੇ ਲਾਗੂ ਕਰਨ ਅਤੇ ਕਿਸਾਨ-ਮਜ਼ਦੂਰ ਪੱਖੀ ਸੂਦਖ਼ੋਰੀ ਕਰਜ਼ਾ ਕਾਨੂੰਨ ਬਣਾਉਣ ਸਮੇਤ ਵੱਡੇ ਸਰਮਾਏਦਾਰਾਂ, ਸਾਮਰਾਜੀ ਕਾਰਪੋਰੇਟਾਂ ਤੇ ਵੱਡੇ ਜਗੀਰਦਾਰਾਂ, ਸੂਦਖ਼ੋਰਾਂ ਤੋਂ ਮੋਟੇ ਟੈਕਸ ਵਸੂਲਣ ਅਤੇ ਜ਼ਮੀਨੀ ਸੁਧਾਰ ਕਾਨੂੰਨ ਲਾਗੂ ਕਰਨ ਵਰਗੇ ਕਈ ਹੋਰ ਚਿਰਾਂ ਤੋਂ ਲਟਕਦੇ ਅਹਿਮ ਮਸਲਿਆਂ ਨੂੰ ਹੱਲ ਕੀਤਾ ਜਾਵੇ। ਇਸ ਮੌਕੇ ਅਮਰੀਕ ਸਿੰਘ, ਹਰਵਿੰਦਰ ਸਿੰਘ, ਸ਼ਿੰਦਾ, ਤੇਜਿੰਦਰ ਸਿੰਘ ਸਮੇਤ ਕਿਸਾਨ, ਮਜ਼ਦੂਰ ਔਰਤਾਂ ਸ਼ਾਮਲ ਸਨ।